# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 pm**

**ਮਿਤੀ: 22-05-2025**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦਾ ਕਹਿਣਾ ਏ ਕਿ ਭਾਰਤ ਨੇ ਆਪ੍ਰੇਸ਼ਨ ਸਿੰਦੂਰ ਤਹਿਤ ਦਹਿਸ਼ਤਗਰਦਾਂ ਦੇ ਟਿਕਾਣਿਆਂ ਨੂੰ ਤਬਾਹ ਕਰਕੇ ਪਾਕਿਸਤਾਨ ਨੂੰ ਢੁਕਵਾਂ ਜਵਾਬ ਦਿੱਤਾ ਏ.
- ਵਿਦੇਸ਼ ਮੰਤਰੀ ਡਾ. ਐਸ ਜੈਸ਼ੰਕਰ ਨੇ ਅੱਜ ਜ਼ੋਰ ਦੇ ਕੇ ਕਿਹਾ ਏ ਕਿ ਆਪ੍ਰੇਸ਼ਨ ਸਿੰਦੂਰ ਦੌਰਾਨ ਗੋਲੀਬਾਰੀ ਅਤੇ ਫੌਜੀ ਕਾਰਵਾਈ ਰੋਕਣ ਲਈ ਭਾਰਤ ਅਤੇ ਪਾਕਿਸਤਾਨ ਵਿਚਕਾਰ ਸਿੱਧੇ ਤੌਰ 'ਤੇ ਗੱਲਬਾਤ ਹੋਈ ਸੀ।
- ਪੰਜਾਬੀ ਤੇ ਹਿੰਦੀ ਸਾਹਿਤ ਦੇ ਉੱਘੇ ਸਿੱਖ ਵਿਦਵਾਨ ਪਦਮ ਸ਼੍ਰੀ ਡਾ. ਰਤਨ ਸਿੰਘ ਜੱਗੀ ਦਾ ਅੱਜ ਦੇਹਾਂਤ ਹੋ ਗਿਆ ਏ । ਉਹ 98 ਸਾਲਾਂ ਦੇ ਸਨ
- ਸੁੱਕੇ ਪੱਤਿਆਂ ਤੋਂ ਖਾਦ ਬਣਾਉਣ ਦੇ ਪੰਜਾਬ ਦੇ ਪਹਿਲੇ ਪ੍ਰੋਜੈਕਟ ਦਾ ਅੱਜ ਉਦਘਾਟਨ ਕੀਤਾ ਗਿਆ.

---------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਕਿਹਾ ਏ ਕਿ ਭਾਰਤ ਨੇ ਆਪ੍ਰੇਸ਼ਨ ਸਿੰਦੂਰ ਦੇ ਤਹਿਤ ਦਹਿਸ਼ਤਗਰਦ ਟਿਕਾਣਿਆਂ ਨੂੰ ਤਬਾਹ ਕਰਕੇ ਪਾਕਿਸਤਾਨ ਨੂੰ ਢੁਕਵਾਂ ਜਵਾਬ ਦਿੱਤਾ ਏ । ਉਨ੍ਹਾਂ ਕਿਹਾ ਕਿ ਸਰਕਾਰ ਨੇ ਹਥਿਆਰਬੰਦ ਫੌਜਾਂ ਨੂੰ ਕਾਰਵਾਈ ਕਰਨ ਲਈ ਖੁੱਲ੍ਹੀ ਛੋਟ ਦਿੱਤੀ ਏ, ਜਿਸ ਨਾਲ ਤਿੰਨੋਂ ਫੌਜਾਂ ਨੂੰ ਪਾਕਿਸਤਾਨ ਨੂੰ ਰਣਨੀਤਕ ਤੌਰ 'ਤੇ ਘੇਰਨ ਦੀ ਆਗਿਆ ਮਿਲੀ ਜਿਸ ਨੇ ਪਾਕਿਸਤਾਨ ਨੂੰ ਗੋਡੇ ਟੇਕਣ ਲਈ ਮਜਬੂਰ ਕੀਤਾ। ਪ੍ਰਧਾਨ ਮੰਤਰੀ ਨੇ ਜ਼ੋਰ ਦੇ ਕੇ ਕਿਹਾ ਕਿ ਪਾਕਿਸਤਾਨ ਕਦੇ ਵੀ ਭਾਰਤ ਨਾਲ ਸਿੱਧੀ ਜੰਗ ਨਹੀਂ ਜਿੱਤ ਸਕਦਾ ਅਤੇ ਇਸੇ ਲਈ ਉਹ ਦਹਿਸ਼ਤਗਰਦੀ ਨੂੰ ਹੁਲਾਰਾ ਦੇ ਕੇ ਗੁਝੀ ਜੰਗ ਵਿੱਚ ਸ਼ਾਮਲ ਏ । ਸ੍ਰੀ ਮੋਦੀ ਨੇ ਇਹ ਗੱਲ ਰਾਜਸਥਾਨ ਦੇ ਬੀਕਾਨੇਰ ਵਿੱਚ ਇੱਕ ਜਨਤਕ ਰੈਲੀ ਨੂੰ ਸੰਬੋਧਨ ਕਰਦਿਆਂ ਕਹੀ। <u>BYTE –</u>

ਪ੍ਰਧਾਨ ਮੰਤਰੀ ਨੇ ਕਿਹਾ ਕਿ, ਆਪ੍ਰੇਸ਼ਨ ਸਿੰਦੂਰ ਨੇ ਦਹਿਸ਼ਤਗਰਦੀ ਦਾ ਮੁਕਾਬਲਾ ਕਰਨ ਲਈ ਤਿੰਨ ਸਿਧਾਂਤ ਨਿਰਧਾਰਤ ਕੀਤੇ ਨੇ. ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਭਾਰਤ ਹਰ ਦਹਿਸ਼ਤਗਰਦ ਹਮਲੇ ਦਾ ਢੁਕਵਾਂ ਜਵਾਬ ਦੇਵੇਗਾ ਅਤੇ ਇਸ ਦਾ ਤਰੀਕਾ ਦੇਸ਼ ਦੀਆਂ ਹਥਿਆਰਬੰਦ ਫੌਜਾਂ ਵਲੋਂ ਤੈਅ ਕੀਤਾ ਜਾਵੇਗਾ। ਉਨ੍ਹਾਂ ਇਹ ਵੀ ਸਪੱਸ਼ਟ ਕੀਤਾ ਕਿ ਭਾਰਤ, ਪ੍ਰਮਾਣੂ

ਖਤਰਿਆਂ ਤੋਂ ਡਰਨ ਵਾਲਾ ਨਹੀਂ ਏ ਅਤੇ ਪਾਕਿਸਤਾਨ ਦੀ ਸਰਕਾਰੀ ਅਤੇ ਗੈਰ-ਸਰਕਾਰੀ ਖੇਡ ਹੁਣ ਖਤਮ ਹੋਏਗੀ. ਉਨ੍ਹਾਂ ਕਿਹਾ, ਭਾਰਤ ਦਹਿਸ਼ਤਗਰਦੀ ਦੇ ਆਕਾਵਾਂ ਅਤੇ ਦਹਿਸ਼ਤਗਰਦੀ ਨੂੰ ਸਰਪ੍ਰਸਤੀ ਦੇਣ ਵਾਲੀ ਸਰਕਾਰ ਨੂੰ ਇੱਕੋ ਜਿਹਾ ਸਮਝੇਗਾ- BYTE -

ਇਸ ਤੋਂ ਪਹਿਲਾਂ ਬੀਕਾਨੇਰ ਦੇ ਪਲਾਨਾ ਵਿਖੇ ਜਨਤਕ ਸਮਾਗਮ ਦੌਰਾਨ, ਪ੍ਰਧਾਨ ਮੰਤਰੀ ਨੇ ਰਾਜਸਥਾਨ ਦੇ ਬੀਕਾਨੇਰ ਵਿੱਚ 26 ਹਜ਼ਾਰ ਕਰੋੜ ਰੁਪਏ ਤੋਂ ਵੱਧ ਦੇ ਕਈ ਵਿਕਾਸ ਪ੍ਰੋਜੈਕਟ ਰਾਸ਼ਟਰ ਨੂੰ ਸਮਰਪਿਤ ਕੀਤੇ। ਇਨ੍ਹਾਂ ਵਿੱਚੋਂ, ਪ੍ਰਧਾਨ ਮੰਤਰੀ ਨੇ 18 ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਦੇ 86 ਜ਼ਿਲ੍ਹਿਆਂ ਵਿੱਚ ਫੈਲੇ ਮੁੜ੍ਹ ਵਿਕਸਿਤ ਕੀਤੇ ਗਏ 103 ਅੰਮ੍ਰਿਤ ਸਟੇਸ਼ਨਾਂ ਦਾ ਉਦਘਾਟਨ ਕੀਤਾ ਜੋ ਕਿ 1 ਹਜ਼ਾਰ 100 ਕਰੋੜ ਰੁਪਏ ਤੋਂ ਵੱਧ ਦੀ ਲਾਗਤ ਨਾਲ ਵਿਕਸਤ ਕੀਤੇ ਗਏ ਨੇ. 1,300 ਤੋਂ ਵੱਧ ਰੇਲਵੇ ਸਟੇਸ਼ਨਾਂ ਨੂੰ ਆਧੁਨਿਕ ਸਹੂਲਤਾਂ ਨਾਲ ਮੁੜ ਵਿਕਸਤ ਕੀਤਾ ਜਾ ਰਿਹਾ ਏ ਅਤੇ ਅੰਮ੍ਰਿਤ ਭਾਰਤ ਸਟੇਸ਼ਨ ਯੋਜਨਾ ਤਹਿਤ ਖੇਤਰੀ ਭਵਨ ਨਿਰਮਾਣ ਕਲਾ ਨੂੰ ਦਰਸਾਉਣ ਅਤੇ ਮੁਸਾਫ਼ਿਰ ਸਹੂਲਤਾਂ ਨੂੰ ਵਧਾਉਣ ਲਈ ਡਿਜ਼ਾਈਨ ਕੀਤਾ ਗਿਆ ਏ । ਇਸ ਮੌਕੇ 'ਤੇ ਬੋਲਦਿਆਂ, ਰੇਲਵੇ ਮੰਤਰੀ ਅਸ਼ਵਨੀ ਵੈਸ਼ਨਵ ਨੇ ਕਿਹਾ, ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੀ ਅਗਵਾਈ ਹੇਠ ਰੇਲਵੇ ‘ਚ ਪਰਿਵਰਤਨਸ਼ੀਲ ਸੁਧਾਰ

ਹੋ ਰਹੇ ਨੇ। ਉਨ੍ਹਾਂ ਕਿਹਾ ਕਿ, ਪਿਛਲੇ 11 ਸਾਲਾਂ ਵਿੱਚ 34 ਹਜ਼ਾਰ ਰੇਲਵੇ ਲਾਈਨਾਂ ਵਿਛਾਈਆਂ ਗਈਆਂ ਨੇ. ਉਨ੍ਹਾਂ ਕਿਹਾ, ਆਜ਼ਾਦੀ ਤੋਂ ਬਾਅਦ ਇਹ ਪਹਿਲਾ ਮੌਕਾ ਏ ਜਦੋਂ ਕਿਸੇ ਸਰਕਾਰ ਨੇ ਛੋਟੇ ਸਟੇਸ਼ਨਾਂ 'ਤੇ ਧਿਆਨ ਦਿੱਤਾ ਏ ਅਤੇ ਇਨ੍ਹਾਂ ਸਟੇਸ਼ਨਾਂ ਦਾ ਮੁੜ੍ਹ ਵਿਕਾਸ ਕੀਤਾ ਗਿਆ ਏ। ਉਨ੍ਹਾਂ ਕਿਹਾ, ਸਾਲ 2027 ਤੱਕ 500 ਸਟੇਸ਼ਨਾਂ ਦਾ ਮੁੜ੍ਹ ਵਿਕਾਸ ਕੀਤਾ ਜਾਵੇਗਾ।

---------------------------------------------------------------

---

ਵਿਦੇਸ਼ ਮੰਤਰੀ ਡਾ. ਐਸ ਜੈਸ਼ੰਕਰ ਨੇ ਅੱਜ ਜ਼ੋਰ ਦੇ ਕੇ ਕਿਹਾ ਏ ਕਿ ਆਪ੍ਰੇਸ਼ਨ ਸਿੰਦੂਰ ਦੌਰਾਨ ਗੋਲੀਬਾਰੀ ਅਤੇ ਫੌਜੀ ਕਾਰਵਾਈ ਰੋਕਣ ਲਈ ਭਾਰਤ ਅਤੇ ਪਾਕਿਸਤਾਨ ਵਿਚਕਾਰ ਸਿੱਧੇ ਤੌਰ 'ਤੇ ਗੱਲਬਾਤ ਹੋਈ ਸੀ। ਨੀਦਰਲੈਂਡ-ਅਧਾਰਤ ਪ੍ਰਸਾਰਕ ਨਾਲ ਇੱਕ ਇੰਟਰਵਿਊ ਵਿੱਚ, ਡਾ. ਜੈਸ਼ੰਕਰ ਨੇ ਕਿਹਾ ਕਿ ਅਮਰੀਕੀ ਵਿਦੇਸ਼ ਮੰਤਰੀ ਮਾਰਕੋ ਰੂਬੀਓ ਉਨ੍ਹਾਂ ਨਾਲ ਗੱਲਬਾਤ ਕੀਤੀ ਜਦੋਂ ਕਿ ਅਮਰੀਕੀ ਉਪ-ਰਾਸ਼ਟਰਪਤੀ ਜੇਡੀ ਵੈਂਸ ਨੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨਾਲ ਗੱਲਬਾਤ ਕੀਤੀ ਤੇ ਨਾਲ ਹਿ ਕਿਹਾ ਕਿ ਦੋ ਦੇਸ਼ਾਂ ਵਿਚਕਾਰ ਟਕਰਾਅ ਦੌਰਾਨ ਦੇਸ਼ਾਂ ਦਾ ਇੱਕ ਦੂਜੇ ਨਾਲ ਸੰਪਰਕ ਹੋਣਾ ਸੁਭਾਵਿਕ ਏ। ਵਿਦੇਸ਼ ਮੰਤਰੀ ਨੇ ਇਹ ਵੀ ਕਿਹਾ ਕਿ ਭਾਰਤ ਨੇ ਉਸ ਸਮੇਂ ਅਮਰੀਕਾ ਸਮੇਤ ਹਰ ਦੇਸ਼ ਨੂੰ ਇਹ ਸਪੱਸ਼ਟ

ਕਰ ਦਿੱਤਾ ਸੀ ਕਿ ਜੇਕਰ ਪਾਕਿਸਤਾਨ ਗੋਲੀਬਾਰੀ ਬੰਦ ਕਰਵਾਉਣਾ ਚਾਹੁੰਦਾ ਏ, ਤਾਂ ਉਨ੍ਹਾਂ ਨੂੰ ਇਹ ਭਾਰਤ ਦੇ ਜਨਰਲ ਨੂੰ ਦੱਸਣਾ ਪਵੇਗਾ।

-------------------------------------------------------

ਪੰਜਾਬੀ ਤੇ ਹਿੰਦੀ ਸਾਹਿਤ ਦੇ ਉੱਘੇ ਸਿੱਖ ਵਿਦਵਾਨ ਪਦਮ ਸ਼੍ਰੀ ਡਾ. ਰਤਨ ਸਿੰਘ ਜੱਗੀ ਦਾ ਅੱਜ ਦੇਹਾਂਤ ਹੋ ਗਿਆ ਏ । ਉਹ 98 ਸਾਲਾਂ ਦੇ ਸਨ ਅਤੇ ਥੋੜ੍ਹੇ ਅਰਸੇ ਤੋਂ ਬਿਮਾਰ ਚਲ ਰਹੇ ਸਨ। ਉਹ ਆਪਣੇ ਪਿੱਛੇ ਸਾਹਿਤ ਜਗਤ ਲਈ ਆਪਣੀਆਂ ਲਿਖਤਾਂ ਦੇ ਰੂਪ ਵਿੱਚ ਅਨਮੋਲ ਖ਼ਜ਼ਾਨਾ ਛੱਡ ਗਏ ਜੋ ਆਉਣ ਵਾਲੀਆਂ ਪੀੜ੍ਹੀਆਂ ਨੂੰ ਪ੍ਰੇਰਿਤ ਕਰਦਾ ਰਹੇਗਾ। ਡਾ ਰਤਨ ਸਿੰਘ ਜੱਗੀ ਦਾ ਨਾਂ ਪੰਜਾਬੀ ਅਤੇ ਹਿੰਦੀ ਸਾਹਿਤ ਦੇ ਉੱਘੇ ਵਿਦਵਾਨਾਂ ਅਤੇ ਗੁਰਮਤਿ ਤੇ ਭਗਤੀ ਲਹਿਰ ਦੇ ਮਾਹਰਾਂ ਵਿੱਚ ਸ਼ੁਮਾਰ ਏ ।ਉਨ੍ਹਾਂ 150 ਤੋਂ ਵੱਧ ਕਿਤਾਬਾਂ ਲਿਖੀਆਂ .ਸਾਹਿਤ ਤੇ ਸਿੱਖਿਆ ਦੇ ਖੇਤਰ ਵਿੱਚ ਪਾਏ ਯੋਗਦਾਨ ਸਦਕਾ ਉਨ੍ਹਾਂ ਨੂੰ ਭਾਰਤ ਸਰਕਾਰ ਨੇ ਪਦਮ ਸ਼੍ਰੀ, ਸਾਹਿਤ ਅਕਾਦਮੀ ਨੇ ਕੌਮੀ ਪੁਰਸਕਾਰ, ਪੰਜਾਬ ਸਰਕਾਰ ਨੇ ਪੰਜਾਬੀ ਸਾਹਿਤ ਸ਼੍ਰੋਮਣੀ ਪੁਰਸਕਾਰ ਨਾਲ ਸਨਮਾਨਿਤ ਕੀਤਾ । ਦਿੱਲੀ, ਹਰਿਆਣਾ ਤੇ ਉਤਰ ਪ੍ਰਦੇਸ਼ ਦੀਆਂ ਸਰਕਾਰਾਂ ਅਤੇ ਸ਼੍ਰੋਮਣੀ ਕਮੇਟੀ ਵੱਲੋਂ ਸਨਮਾਨਤ ਕਰਨ ਤੋਂ ਇਲਾਵਾ ਉਨ੍ਹਾਂ ਨੂੰ ਪੰਜਾਬੀ ਯੂਨੀਵਰਸਿਟੀ ਪਟਿਆਲਾ ਤੇ ਗੁਰੂ ਨਾਨਕ ਦੇਵ

ਯੂਨੀਵਰਸਿਟੀ, ਅੰਮ੍ਰਿਤਸਰ ਨੇ ਆਨਰੇਰੀ ਡੀ. ਲਿਟ ਦੀ ਡਿਗਰੀ ਵੀ ਪ੍ਰਦਾਨ ਕੀਤੀ ਅਤੇ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਵੱਲੋਂ ਗਿਆਨ ਰਤਨ ਪੁਰਸਕਾਰ ਨਾਲ ਸਨਮਾਨਤ ਕੀਤਾ ਗਿਆ। ਓਹਨਾ ਨੂੰ ਭਾਸ਼ਾ ਵਿਭਾਗ ਪੰਜਾਬ ਵੱਲੋਂ ਅੱਠ ਵਾਰ ਪਹਿਲਾ ਪੁਰਸਕਾਰ ਹਾਸਲ ਕਰਨ ਤੋਂ ਇਲਾਵਾ ਵੱਖ-ਵੱਖ ਸਾਹਿਤ ਅਕਾਦਮੀਆਂ, ਵਿੱਦਿਅਕ, ਸਾਹਿਤਕ ਤੇ ਧਾਰਮਿਕ ਸੰਸਥਾਵਾਂ, ਸਰਕਾਰੀ ਤੇ ਗੈਰ ਸਰਕਾਰੀ ਸੰਗਠਨਾਂ ਵੱਲੋਂ ਵੀ ਸਨਮਾਨ ਮਿਲੇ।

---------------------------------------------------------------

ਨਿਰੰਤਰ ਰਹਿਣ ਯੋਗ ਚੁਗਿਰਦਾ ਸੰਭਾਲ ਢੰਗ – ਤਰੀਕਿਆਂ ਨੂੰ ਸਥਾਪਿਤ ਕਰਨ ਵੱਲ ਇੱਕ ਮਹੱਤਵਪੂਰਨ ਕਦਮ ਚੁੱਕਦੇ ਹੋਏ, ਪੰਜਾਬ ਦੇ ਪਹਿਲੇ ਕਮਿਊਨਿਟੀ ਡਰਾਈ ਲੀਫ ਕੰਪੋਸਟਰ (ਡੀਐਲਸੀ) ਭਾਵ ਸੁੱਕੇ ਪੱਤਿਆਂ ਤੋਂ ਖਾਦ ਬਣਾਉਣ ਦੇ ਪ੍ਰਾਜੈਕਟ ਦਾ ਉਦਘਾਟਨ ਅੱਜ ਮੈਰੀਟੋਰੀਅਸ ਸਕੂਲ, ਪੰਜਾਬੀ ਯੂਨੀਵਰਸਿਟੀ ਪਟਿਆਲਾ ਵਿਖੇ ਪਟਿਆਲਾ ਫਾਊਂਡੇਸ਼ਨ ਦੀ ਪ੍ਰਮੁੱਖ ਚੁਗਿਰਦਾ ਸੰਭਾਲ ਪਹਿਲਕਦਮੀ ਪ੍ਰੋਜੈਕਟ ਪ੍ਰਿਥਵੀ ਅਧੀਨ ਕੀਤਾ ਗਿਆ। ਇਸ ਮੌਕੇ ਸਕੂਲ ਸਿੱਖਿਆ ਵਿਭਾਗ ਦੇ ਪ੍ਰਸ਼ਾਸਕੀ ਸਕੱਤਰ ਅਨਿੰਦਿਤਾ ਮਿੱਤਰਾ ਅਤੇ ਪੰਜਾਬੀ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਡਾ. ਜਗਦੀਪ ਸਿੰਘ, ਮੁੱਖ

ਮਹਿਮਾਨ ਵਜੋਂ ਪੁੱਜੇ . ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਅਤੇ ਕਮਿਸ਼ਨਰ, ਨਗਰ ਨਿਗਮ ਪਰਮਵੀਰ ਸਿੰਘ ਸਮੇਤ ਕਈ ਪਤਵੰਤੇ ਵੀ ਇਸ ਮੌਕੇ ਸ਼ਾਮਲ ਹੋਏ, ਇਨ੍ਹਾਂ ਸਭਨਾ ਨੇ ਸੁੱਕੇ ਪੱਤਿਆਂ ਤੋਂ ਖਾਦ ਬਣਾਉਣ ਦੇ ਇਸ ਪ੍ਰਾਜੈਕਟ ਦੀ ਸ਼ਲਾਘਾ ਕੀਤੀ। ਸਕੱਤਰ ਅਨਿੰਦਿਤਾ ਮਿੱਤਰਾ ਨੇ ਪਟਿਆਲਾ ਫਾਊਂਡੇਸ਼ਨ ਦੀ ਚੁਗਿਰਦੇ ਦੀ ਸੰਭਾਲ ਪ੍ਰਤੀ ਪਹਿਲਕਦਮੀ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਸ ਦੇ ਦੂਰਅੰਦੇਸ਼ ਸਿੱਟੇ ਨਿਕਲਣਗੇ। ਉਨ੍ਹਾਂ ਕਿਹਾ ਕਿ ਸਕੂਲਾਂ ਵਿੱਚ ਸਾਡੇ ਨੌਜਵਾਨ ਦਿਮਾਗ਼ ਤਿਆਰ ਹੁੰਦੇ ਨੇ, ਅਤੇ ਜੇਕਰ ਅਸੀਂ ਇੱਥੇ ਚੁਗਿਰਦੇ ਪ੍ਰਤੀ ਜ਼ਿੰਮੇਵਾਰੀ ਸਿਰਜਾਂਗੇ ਤਾਂ ਸੁਨੇਹਾ ਅਗਲੀਆ ਪੀੜ੍ਹੀਆਂ ਤੱਕ ਜਾਵੇਗਾ।

---------------------------------------------------------------

ਪੁਸ਼ਪਾ ਗੁਜਰਾਲ ਸਾਇੰਸ ਸਿਟੀ ਵਲੋਂ ਪੰਜਾਬ ਜੈਵਿਕ ਵਿਭਿੰਨਤਾ ਬੋਰਡ ਦੇ ਸਹਿਯੋਗ ਨਾਲ ਅੱਜ ਕੌਮਾਂਤਰੀ ਜੈਵਿਕ ਭਿੰਨਤਾ ਦਿਵਸ ਮਨਾਇਆ ਗਿਆ । ਵਿਸ਼ਵ ਜੈਵਿਕ ਵਿਭਿੰਨਤਾ ਮਨਾਉਣ ਦਾ ਇਸ ਵਾਰ ਦਾ ਵਿਸ਼ਾ ‘ਕੁਦਰਤ ਨਾਲ ਇਕਸੁਰਤਾ ਤੇ ਸਥਾਈ ਵਿਕਾਸ” ਏ । ਇਸ ਮੌਕੇ ਪੰਜਾਬ ਭਰ ਦੇ 300 ਤੋਂ ਵੱਧ ਸਕੂਲੀ ਬੱਚਿਆਂ ਨੇ ਹਿੱਸਾ ਲਿਆ ਅਤੇ ਰਚਨਾਤਮਿਕਤਾ ਦਾ ਵਿਖਾਲਾ ਕਰਦਿਆਂ ਚੁਗਿਰਦੇ ਦੇ ਰਖ-ਰਖਾਅ ਪ੍ਰਤੀ ਆਪਣੀ ਵਚਨਬੱਧਤਾ ਨੂੰ ਦੁਹਰਾਇਆ। ਇਸ ਪ੍ਰੋਗਰਾਮ ਦੌਰਾਨ

ਸਕੂਲੀ ਬੱਚਿਆਂ ਨੇ ਵੱਖ ਵੱਖ ਮੁਕਾਬਲਿਆਂ ਵਿਚ ਹਿੱਸਾ ਲਿਆ। ਓਧਰ ਚੰਡੀਗੜ੍ਹ ਪ੍ਰਸ਼ਾਸਨ ਦੇ ਜੰਗਲਾਤ ਅਤੇ ਜੰਗਲੀਜੀਵਾਂ ਬਾਰੇ ਵਿਭਾਗ ਨੇ ਪੂਰੇ ਕੇਂਦਰ ਸ਼ਾਸਿਤ ਪ੍ਰਦੇਸ਼ 'ਚ ਵਿਦਿਆਰਥੀਆਂ ਦੀ ਹਿੱਸੇਦਾਰੀ ਨਾਲ ਅੰਤਰ ਰਾਸ਼ਟਰੀ ਜੀਵ ਭਿੰਨਤਾ ਦਿਵਸ ਮਨਾਇਆ. ਇਹ ਪ੍ਰੋਗ੍ਰਾਮ ਬੋਟਾਨਿਕਲ ਗਾਰਡਨ ਸਾਰੰਗਪੁਰ 'ਚ ਕਰਾਇਆ ਗਿਆ ਜਿਥੇ ਜੀਵ ਭਿੰਨਤਾ ਦੀ ਅਹਿਮੀਅਤ ਬਾਰੇ ਜਾਗਰੂਕਤਾ ਵਧਾਉਣ ਦੇ ਉਦੇਸ਼ ਨਾਲ ਨੇਚਰ ਹੰਟ ਅਤੇ ਕਵਿਜ਼ ਮੁਕਾਬਲੇ ਸਹਿਤ ਕਈ ਗਤੀਵਿਧੀਆਂ ਸ਼ਾਮਿਲ ਸਨ.ਇਸ ਸਮਾਰੋਹ 'ਚ ਮੁਖ ਮਹਿਮਾਨ ਦੇ ਰੂਪ 'ਚ ਜੰਗਲਾਤ ਅਤੇ ਜੰਗਲੀਜੀਵ ਵਿਭਾਗ ਦੇ ਸਕੱਤਰ ਸ਼੍ਰੀ ਮਨਦੀਪ ਸਿੰਘ ਬਰਾੜ ਮੌਜੂਦ ਸਨ.

------------------------------------------------------------

---

ਨਾਗਰਿਕ ਕੇਂਦਰਿਤ ਸੇਵਾਵਾਂ ਨੂੰ ਸਾਰੇ ਨਾਗਰਿਕਾਂ ਲਈ ਵਧੇਰੇ ਪਹੁੰਚਯੋਗ ਬਣਾਉਂਦਿਆਂ ਪੰਜਾਬ ਸਰਕਾਰ ਨੇ ਡੋਰਸਟੈਪ ਡਿਲੀਵਰੀ ਫੀਸ 120 ਰੁਪਏ ਤੋਂ ਘਟਾ ਕੇ 50 ਰੁਪਏ ਕਰ ਦਿੱਤੀ ਹੈ। ਡਿਪਟੀ ਕਮਿਸ਼ਨਰ ਬਰਨਾਲਾ ਸ਼੍ਰੀ ਟੀ ਬੈਨਿਥ ਨੇ ਦੱਸਿਆ ਕਿ ਇਸ ਕਦਮ ਤਹਿਤ ਸੂਬੇ ਦੇ ਵਸਨੀਕ ਹੈਲਪਲਾਈਨ ਨੰਬਰ-1076 'ਤੇ ਕਾਲ ਕਰਕੇ ਘਰ ਬੈਠੇ 406 ਸੇਵਾਵਾਂ ਦਾ ਲਾਹਾ ਲੈ ਸਕਦੇ ਨੇ.

--------------------------------------------------------------------

ਲੁਧਿਆਣਾ ਵਿਖੇ ਕੱਲ ਦੇਰ ਰਾਤ ਤਿੰਨ ਵਿਅਕਤੀਆਂ ਦੀ ਭੇਦਭਰੇ ਹਾਲਾਤਾਂ ਵਿਚ ਮੌਤ ਹੋਣ ਦੀ ਖਬਰ ਏ। ਲੁਧਿਆਣਾ ਦੇ ਸੀਨੀਅਰ ਮੈਡੀਕਲ ਅਫਸਰ, ਡਾਕਟਰ ਹਰਪ੍ਰੀਤ ਸਿੰਘ ਨੇ ਦੱਸਿਆ ਏ ਕਿ ਜਾਂਚ ਚੱਲ ਰਹੀ ਏ|ਪੋਸਟਮਾਰਟਮ ਤੋਂ ਬਾਅਦ ਮੌਤਾਂ ਦੇ ਕਾਰਨਾਂ ਦਾ ਪਤਾ ਲਗੇਗਾ. ਵਧੇਰੇ ਜਾਣਕਾਰੀ ਦਿੰਦਿਆਂ SMO ਡਾ ਹਰਪ੍ਰੀਤ ਸਿੰਘ ਨੇ ਦੱਸਿਆ Byte

ਦੂਜੇ ਪਾਸੇ ਇਸ ਮਾਮਲੇ ਵਿਚ ਨਕਲੀ ਸ਼ਰਾਬ ਦਾ ਖ਼ਦਸ਼ਾ ਜਾਹਿਰ ਕਰਦਿਆਂ ਸਾਬਕਾ ਮੰਤਰੀ ਭਾਰਤ ਭੂਸ਼ਣ ਆਸ਼ੂ ਨੇ ਇਸਦੀ magisterial ਜਾਂਚ ਕਰਵਾਉਣ ਦੀ ਮੰਗ ਕੀਤੀ ਏ.

--------------------------------------------------------------------

ਅੰਮ੍ਰਿਤਸਰ ਸ਼ਹਿਰ ਦੇ 450 ਸਾਲਾ ਸਥਾਪਨਾ ਦਿਵਸ ਮਨਾਉਣ ਸਬੰਧੀ ਕੀਤੀਆਂ ਜਾ ਰਹੀਆਂ ਤਿਆਰੀਆਂ ਬਾਰੇ ਡਿਪਟੀ ਕਮਿਸ਼ਨਰ ਅੰਮ੍ਰਿਤਸਰ ਸਾਕਸ਼ੀ ਸਾਹਨੀ ਨੇ ਸ੍ਰੀ ਗੁਰੂ ਰਾਮਦਾਸ ਅੰਤਰਰਾਸ਼ਟਰੀ ਹਵਾਈ ਅੱਡੇ ਦੇ ਪ੍ਰਬੰਧਕਾਂ ਨਾਲ ਵਿਚਾਰ ਚਰਚਾ ਕੀਤੀ । ਹਵਾਈ ਅੱਡੇ ਦੀ ਚੁਗਿਰਦਾ ਸਬੰਧੀ ਕਮੇਟੀ ਦੀ ਮੀਟਿੰਗ ਵਿੱਚ ਹਿੱਸਾ ਲੈਣ ਉਪਰੰਤ ਓਹਨਾ ਦੱਸਿਆ

ਕਿ ਛੇਤੀ ਹੀ ਹਵਾਈ ਅੱਡੇ ਉੱਤੇ ਯਾਤਰੀਆਂ ਲਈ ਮੁਫਤ ਵਾਈਫਾਈ ਦੀ ਸੁਵਿਧਾ ਚਾਲੂ ਕਰ ਦਿੱਤੀ ਜਾਵੇਗੀ ਜਿਸ ਲਈ ਕੰਮ ਪ੍ਰਗਤੀ ਅਧੀਨ ਏ।

---------------------------------------------------------------

---

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦਾ ਕਹਿਣਾ ਏ ਕਿ ਭਾਰਤ ਨੇ ਆਪ੍ਰੇਸ਼ਨ ਸਿੰਦੂਰ ਤਹਿਤ ਦਹਿਸ਼ਤਗਰਦਾਂ ਦੇ ਟਿਕਾਣਿਆਂ ਨੂੰ ਤਬਾਹ ਕਰਕੇ ਪਾਕਿਸਤਾਨ ਨੂੰ ਢੁਕਵਾਂ ਜਵਾਬ ਦਿੱਤਾ ਏ.
- ਵਿਦੇਸ਼ ਮੰਤਰੀ ਡਾ. ਐਸ ਜੈਸ਼ੰਕਰ ਨੇ ਅੱਜ ਜ਼ੋਰ ਦੇ ਕੇ ਕਿਹਾ ਏ ਕਿ ਆਪ੍ਰੇਸ਼ਨ ਸਿੰਦੂਰ ਦੌਰਾਨ ਗੋਲੀਬਾਰੀ ਅਤੇ ਫੌਜੀ ਕਾਰਵਾਈ ਰੋਕਣ ਲਈ ਭਾਰਤ ਅਤੇ ਪਾਕਿਸਤਾਨ ਵਿਚਕਾਰ ਸਿੱਧੇ ਤੌਰ 'ਤੇ ਗੱਲਬਾਤ ਹੋਈ ਸੀ।
- ਪੰਜਾਬੀ ਤੇ ਹਿੰਦੀ ਸਾਹਿਤ ਦੇ ਉੱਘੇ ਸਿੱਖ ਵਿਦਵਾਨ ਪਦਮ ਸ਼੍ਰੀ ਡਾ. ਰਤਨ ਸਿੰਘ ਜੱਗੀ ਦਾ ਅੱਜ ਦੇਹਾਂਤ ਹੋ ਗਿਆ ਏ । ਉਹ 98 ਸਾਲਾਂ ਦੇ ਸਨ
- ਸੁੱਕੇ ਪੱਤਿਆਂ ਤੋਂ ਖਾਦ ਬਣਾਉਣ ਦੇ ਪੰਜਾਬ ਦੇ ਪਹਿਲੇ ਪ੍ਰੋਜੈਕਟ ਦਾ ਅੱਜ ਉਦਘਾਟਨ ਕੀਤਾ ਗਿਆ.